ਦਫ਼ਤਰ ਜ਼ਿਲ੍ਹਾ ਮੈਜਿਸਟਰੇਟ, ਹੁਸ਼ਿਆਰਪੁਰ

Office of the District Magistrate, Hoshiarpur

Office Contact No. 01882-220301
Residence Contact No. 01882-220302
01882-220303

Email Id: hoshiarpurdc@gmail.com

ਹੁਕਮ

ਜਿਵੇਂ ਕਿ ਭਾਰਤ ਸਰਕਾਰ ਨੇ COVID-19 (ਕਰੋਨਾ ਵਾਇਰਸ) ਨੂੰ ਮਹਾਂਮਾਰੀ ਘੋਸ਼ਿਤ ਕੀਤਾ ਗਿਆ ਹੈ, ਜਿਸ ਦੇ ਮੱਦੇ ਨਜ਼ਰ ਐਪੀਡੈਮਿਕ ਡੀਜੀਜ਼ ਐਕਟ 1987 ਦੇ ਸਨਮੁੱਖ ਪੱਤਰ ਨੰਬਰ ਆਈ.ਡੀ.ਐਸ.ਪੀ./ ਐਨ.ਐਚ.ਐਮ/ਪੰ-20/4995 ਮਿਤੀ: 15-05-2020 ਰਾਹੀਂ ਨੋਟੀਫਿਕੇਸ਼ਨ ਜਾਰੀ ਕੀਤੀ ਗਈ ਸੀ, ਜਿਸ ਵਿੱਚ ਪ੍ਰਾਵਧਾਨ ਰੱਖਿਆ ਗਿਆ ਸੀ ਕਿ ਜੇਕਰ ਕੋਈ ਵਿਅਕਤੀ ਮਾਸਕ ਨਹੀਂ ਪਹਿਨੇਗਾ ਤਾਂ ਉਸ ਨੂੰ 200/- ਰੁਪਏ ਜੁਰਮਾਨਾ, ਜੇਕਰ ਕੋਈ ਵਿਕਅਤੀ ਘਰ ਇਕਾਂਤਵਾਸ ਦੀ ਉਲੰਘਣਾ ਕਰੇਗਾ ਤਾਂ ਉਸ ਨੂੰ 500/- ਰੁਪਏ ਜੁਰਮਾਨਾ ਅਤੇ ਜੇਕਰ ਕੋਈ ਵਿਅਕਤੀ ਜਨਤਕ ਥਾਂ ਤੇ ਥੁੱਕੇਗਾ ਤਾਂ ਉਸ ਨੂੰ 100/- ਰੁਪਏ ਜੁਰਮਾਨਾ ਕੀਤਾ ਜਾਵੇਗਾ। ਇਸ ਨੋਟੀਫਿਕੇਸ਼ਨ ਨੂੰ ਮੁੱਖ ਰੱਖਦੇ ਹੋਏ, ਡਾਇਰੈਕਟਰ, ਸਿਹਤ ਤੇ ਪਰਿਵਾਰ ਭਲਾਈ ਵਿਭਾਗ, ਪੰਜਾਬ ਜੀ ਵਲੋਂ ਵੀ ਆਪਣੇ ਦਫ਼ਤਰ ਦੇ ਪੱਤਰ ਨੰਬਰ ਆਈ.ਡੀ.ਐਸ.ਪੀ./ਪੰ-2020/5203 -68 ਮਿਤੀ: 20-05-2020 ਰਾਹੀਂ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ।

ਉਕਤ ਨੋਟੀਫਿਕੇਸ਼ਨ ਅਤੇ ਸਿਹਤ ਤੇ ਪਰਿਵਾਰ ਭਲਾਈ ਵਿਭਾਗ, ਪੰਜਾਬ ਵਲੋਂ ਜਾਰੀ ਪੱਤਰ ਦੇ ਸਨਮੁੱਖ, ਸਮੂਹ ਉਪ ਮੰਡਲ ਮੈਜਿਸਟਰੇਟ, ਸਮੂਹ ਤਹਿਸੀਲਦਾਰ/ਨਾਇਬ ਤਹਿਸੀਲਦਾਰ, ਸਮੂਹ ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰ, ਸਮੂਹ ਕਾਰਜ ਸਾਧਕ ਅਫ਼ਸਰ, ਨਗਰ ਕੌਂਸਲ/ਨਗਰ ਪੰਚਾਇਤ, ਸਮੂਹ ਸੁਪਰਡੈਂਟ/ ਇੰਸਪੈਕਟਰ (ਜਨਰਲ)/ਸੈਨੇਟਰੀ ਇੰਸਪੈਕਟਰ, ਨਗਰ ਨਿਗਮ, ਜ਼ਿਲ੍ਹਾ ਹੁਸ਼ਿਆਰਪੁਰ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਕਤ ਨੋਟੀਫਿਕੇਟ (ਕਾਪੀ ਨੱਥੀ) ਅਨੁਸਾਰ ਚਲਾਨ ਕਰਕੇ, ਇਕੱਠੀ ਹੋਈ ਰਕਮ, ਹੇਠ ਲਿਖੇ ਹੈਡ ਵਿੱਚ ਜਮ੍ਹਾਂ ਕਰਵਾਈ ਜਾਵੇ:-

0210-ਮੈਡੀਕਲ ਪਬਲਿਕ ਹੈਲਥ
04-ਪਬਲਿਕ ਹੈਲਥ
104 ਫੀਸ ਅਤੇ ਫਾਈਨ

ਇਹ ਹੁਕਮ ਤੁਰੰਤ ਲਾਗੂ ਹੋਣਗੇ।

ਜ਼ਿਲ੍ਹਾ ਮੈਜਿਸਟਰੇਟ,
ਹੁਸ਼ਿਆਰਪੁਰ

ਪਿੱਠ ਅੰਕਣ ਨੰਬਰ 5170/ਐਮ.ਏ. ਮਿਤੀ: 22-05-2020

ਇਸ ਦਾ ਇੱਕ ਉਤਾਰਾ ਹੇਠ ਲਿਖੇ ਅਧਿਕਾਰੀਆਂ ਨੂੰ ਸੂਚਨਾ ਅਤੇ ਅਗਲੇਰੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1. ਸੀਨੀਅਰ ਪੁਲਿਸ ਕਪਤਾਨ, ਹੁਸ਼ਿਆਰਪੁਰ।
2. ਵਧੀਕ ਡਿਪਟੀ ਕਮਿਸ਼ਨਰ (ਵਿਕਾਸ/ਜਨਰਲ), ਹੁਸ਼ਿਆਰਪੁਰ।
3. ਸਮੂਹ ਉਪ ਮੰਡਲ ਮੈਜਿਸਟਰੇਟ, ਜ਼ਿਲ੍ਹਾ ਹੁਸ਼ਿਆਰਪੁਰ।
4. ਕਮਿਸ਼ਨਰ, ਨਗਰ ਨਿਗਮ, ਹੁਸ਼ਿਆਰਪੁਰ।
5. ਜ਼ਿਲ੍ਹਾ ਮਾਲ ਅਫ਼ਸਰ, ਹੁਸ਼ਿਆਰਪੁਰ।
6. ਸਮੂਹ ਤਹਿਸੀਲਦਾਰ/ਨਾਇਬ ਤਹਿਸੀਲਦਾਰ, ਜ਼ਿਲ੍ਹਾ ਹੁਸ਼ਿਆਰਪੁਰ।
7. ਸਮੂਹ ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰ, ਜ਼ਿਲ੍ਹਾ ਹੁਸ਼ਿਆਰਪੁਰ।
8. ਸਮੂਹ ਕਾਰਜ ਸਾਧਕ ਅਫ਼ਸਰ, ਨਗਰ ਕੌਂਸਲ/ਨਗਰ ਪੰਚਾਹਿਤ, ਜ਼ਿਲ੍ਹਾ ਹੁਸ਼ਿਆਰਪੁਰ।
9. ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਹੁਸ਼ਿਆਰਪੁਰ।

ਜ਼ਿਲ੍ਹਾ ਮੈਜਿਸਟਰੇਟ,
ਹੁਸ਼ਿਆਰਪੁਰ।

Scanned with CamScanner